I/30111/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

## ਪ੍ਰੈਸ ਨੋਟ

## ਕੋਵਿਡ19 ਦੌਰਾਨ ਜ਼ਿਲ੍ਹੇ ਵਿੱਚ ਵਧੀਆਂ ਸੇਵਾਵਾਂ ਦੇਣ ਲਈ ਚੰਡੀਗੜ੍ਹ ਪੰਜਾਬ ਯੂਨੀਅਨ ਆਫ਼ ਜਰਨਲਿਸਟ ਨੇ ਡਿਪਟੀ ਕਮਿਸ਼ਨਰ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ

### ਕੋਰੋਨਾ ਵਾਇਰਸ ਦੀ ਸਥਿਤੀ ਨਾਲ ਨਜਿੱਠਣ ਲਈ ਸਾਰਿਆਂ ਨੇ ਟੀਮ ਦੀ ਤਰ੍ਹਾਂ ਕੰਮ ਕੀਤਾ ਹੈ- ਡਿਪਟੀ ਕਮਿਸ਼ਨਰ

ਫਿਰੋਜ਼ਪੁਰ 2 ਜੂਨ 2020 ( ) ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚੰਡੀਗੜ੍ਹ ਪੰਜਾਬ ਯੂਨੀਅਨ ਆਫ਼ ਜਰਨਲਿਸਟ ਦੇ ਪ੍ਰਧਾਨ ਸ਼੍ਰੀ ਅਨੀਰੁੱਧ ਗੁਪਤਾ ਦੀ ਪ੍ਰਧਾਨਗੀ ਹੇਠ ਕੋਵਿਡ19 ਦੌਰਾਨ ਜ਼ਿਲ੍ਹੇ ਵਿਚ ਵਧੀਆ ਸੇਵਾਵਾਂ ਦੇਣ ਲਈ ਯੂਨੀਅਨ ਵੱਲੋਂ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ, ਐਸਡੀਐਮ ਅਮਿੱਤ ਗੁਪਤਾ, ਸਹਾਇਕ ਕਮਿਸ਼ਨਰ ਰਵਿੰਦਰ ਸਿੰਘ, ਸਿਵਲ ਸਰਜਨ ਡਾ. ਨਵਦੀਪ ਸਿੰਘ, ਐਸਐਮਓ ਅਵਿਨਾਸ਼ ਜਿੰਦਲ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸੀਪੀਯੂ ਦੇ ਪ੍ਰਧਾਨ ਅਨੀਰੁੱਧ ਗੁਪਤਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਜ਼ਿਲ੍ਹੇ ਨੂੰ ਕੋਰੋਨਾ ਵਾਇਰਸ ਤੋਂ ਮੁਕਤ ਕਰਨ ਅਤੇ ਕੋਵਿਡ19 ਦੇ ਹੋਰ ਪ੍ਰਬੰਧਾਂ ਲਈ ਜ਼ਿਲ੍ਹੇ ਵਿਚ ਦਿਨ-ਰਾਤ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸੁਰੱਖਿਅਤ ਵਾਤਾਵਰਨ ਦੇਣ ਲਈ ਕੋਈ ਕਸਰ ਨਹੀਂ ਛੱਡੀ ਗਈ। ਲੋਕਾਂ ਨੂੰ ਖਾਣਾ ਮੁਹੱਈਆ ਕਰਵਾਉਣ ਤੋਂ ਲੈ ਕੇ ਪ੍ਰਵਾਸੀ ਮਜ਼ਦੂਰਾਂ ਨੂੰ ਆਪਣੇ ਪਿਤਰੀ ਰਾਜਾਂ ਵਿਚ ਭੇਜਣ ਤੱਕ ਦਾ ਕੰਮ ਕੀਤਾ ਗਿਆ ਹੈ। ਇਸੇ ਤਰ੍ਹਾਂ ਹੀ ਸਿਹਤ ਵਿਭਾਗ, ਪੁਲਸ ਪ੍ਰਸ਼ਾਸਨ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਵੀ ਕੋਵਿਡ19 ਦੌਰਾਨ ਕੀਤੇ ਕੰਮਾਂ ਨੂੰ ਭੁਲਾਇਆ ਨਹੀਂ ਜਾ ਸਕਦਾ।

ਇਸ ਮੌਕੇ ਸੀਪੀਯੂ ਦੇ ਚੇਅਰਮੈਨ ਐਮਐਲ ਤਿਵਾੜੀ ਅਤੇ ਜਨਰਲ ਸਕੱਤਰ ਹਰੀਸ਼ ਮੌਂਗਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਨੇ ਕੋਵਿਡ19 ਦੌਰਾਨ ਖ਼ੁਦ ਤਾਂ ਦਿਨ ਰਾਤ ਕੰਮ ਕੀਤਾ ਹੀ ਹੈ ਅਤੇ ਇਸ ਦੇ ਨਾਲ ਜੋ ਹੋਰ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲੈ ਕੇ ਕੰਮ ਕੀਤਾ ਹੈ ਉਹ ਕੰਮ ਹਰ ਕੋਈ ਅਧਿਕਾਰੀ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਨੇ ਸੰਕਟ ਦੀ ਇਸ ਘੜੀ ਵਿਚ ਬਹੁਤ ਵਧੀਆ ਢੰਗ ਨਾਲ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲੈ ਕੇ ਜ਼ਿਲ੍ਹੇ ਨੂੰ ਸੁਰੱਖਿਅਤ ਰੱਖਿਆ ਹੈ, ਜਿਸ ਕਰ ਕੇ ਹੀ ਫਿਰੋਜ਼ਪੁਰ ਜ਼ਿਲ੍ਹਾ ਸੂਬੇ ਦੇ ਹੋਰਨਾਂ ਜ਼ਿਲ੍ਹਿਆਂ ਦੇ ਮੁਕਾਬਲੇ ਕੋਵਿਡ19 ਦੌਰਾਨ ਵਧੀਆ ਸਥਿਤੀ ਵਿਚ ਰਿਹਾ ਹੈ। ਇਸ ਮੌਕੇ ਫਿਰੋਜ਼ਪੁਰ ਪ੍ਰੈਸ ਕਲੱਬ ਦੇ ਪ੍ਰਧਾਨ ਜਸਵਿੰਦਰ ਸਿੰਘ ਨੇ ਵੀ ਪ੍ਰਸ਼ਾਸਨਿਕ ਅਧਿਕਾਰੀਆਂ ਜੋ ਕੋਰੋਨਾ ਵਾਇਰਸ ਦੀ ਸਥਿਤੀ ਵਿੱਚ ਅੱਗੇ ਆ ਕੇ ਲੜੇ ਹਨ ਦਾ ਵੀ ਧੰਨਵਾਦ ਕੀਤਾ।

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਕੋਰੋਨਾ ਵਾਇਰਸ ਦੀ ਸਥਿਤੀ ਨਾਲ ਨਿਪਟਣ ਲਈ ਸਾਰਿਆਂ ਨੇ ਇੱਕ ਟੀਮ ਦੀ ਤਰ੍ਹਾਂ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਐਸਡੀਐਮ ਅਮਿੱਤ ਗੁਪਤਾ ਨੇ ਹਰ ਸਥਿਤੀ ਨੂੰ ਗੰਭੀਰਤਾ ਨਾਲ ਨਿਪਟਣ ਵਿੱਚ ਸਹਿਯੋਗ ਦਿੱਤਾ ਹੈ ਉਸੇ ਤਰ੍ਹਾਂ ਹੀ ਹੋਰਨਾਂ ਅਧਿਕਾਰੀਆਂ/ਕਰਮਚਾਰੀਆਂ ਜਾਂ ਸਮਾਜਸੇਵੀ ਸੰਸਥਾਵਾਂ ਦੇ ਮੈਂਬਰਾਂ ਨੇ ਵੀ ਆਪਣਾ-ਆਪਣਾ ਯੋਗਦਾਨ ਦਿੱਤਾ ਹੈ। ਉਨ੍ਹਾਂ ਕਿਹਾ ਸਾਰਿਆਂ ਦੇ ਸਹਿਯੋਗ ਨਾਲ ਹੀ ਅਸੀਂ ਇਸ ਲੜਾਈ ਨੂੰ ਲੜ ਸਕੇ ਹਾਂ ਤੇ ਆਪਣੇ ਜ਼ਿਲ੍ਹੇ ਨੂੰ ਕੋਰੋਨਾ ਮੁਕਤ ਕਰ ਸਕੇ ਹਾਂ। ਇਸ ਦੌਰਾਨ ਜ਼ਿਲ੍ਹੇ ਵਿਚ ਐਸਐਸਪੀ ਵਿਜੀਲੈਂਸ ਵਜੋਂ ਅਹੁਦਾ ਸੰਭਾਲ਼ਨ ਤੇ ਸ੍ਰੀ ਗੋਤਮ ਸਿੰਗਲ ਦਾ ਵੀ ਸਵਾਗਤ ਕੀਤਾ ਗਿਆ। ਅੰਤ ਵਿਚ ਯੂਨੀਅਨ ਦੇ ਮੈਂਬਰ ਪੀਡੀ ਸ਼ਰਮਾ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

ਇਸ ਮੌਕੇ ਸੀਪੀਯੂ ਦੇ ਮੈਂਬਰ ਪਰਮਜੀਤ ਕੌਰ ਸੋਢੀ, ਏਸੀ ਚਾਵਲਾ, ਦੀਵਾਨ ਚੰਦ ਸੁਖੀਜਾ, ਮਨੀਸ਼ ਅਰੋੜਾ, ਵਿਕਰਮਦਿਤਿਆ ਸ਼ਰਮਾ, ਜਤਿੰਦਰ ਪਿੰਕਲ, ਸਤਬੀਰ ਬਰਾੜ, ਮਨੋਹਰ ਲਾਲ, ਆਦਿ ਹਾਜ਼ਰ ਸਨ।

I/30141/2020

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ**

**ਮਿਸ਼ਨ ਫਤਿਹ- 10 ਲੱਖ ਲੋਕਾਂ ਤਕ ਲੰਗਰ ਪਹੁੰਚਾਉਣ ਲਈ ਸੰਸਥਾ ਰਾਧਾ ਸੁਆਮੀ ਸਤਿਸੰਗ ਬਿਆਸ ਨੂੰ ਡੀਸੀ ਫਿਰੋਜਪੁਰ ਨੇ ਕੋਰੋਨਾ ਯੋਧਾ ਵਜੋਂ ਦਿੱਤਾ ਸ਼ਲਾਘਾ ਪੱਤਰ**

**ਕਿਹਾ, ਮੁਖਮੰਤਰੀ ਪੰਜਾਬ ਦੀ ਅਗਵਾਈ ਵਿੱਚ ਮਿਸ਼ਨ ਫਤਿਹ ਤਹਿਤ ਕੋਰੋਨਾ ਵਾਇਸ ਖਿਲਾਫ ਜੰਗ ਵਿੱਚ ਯੋਗਦਾਨ ਪਾਉਣ ਵਾਲੀ ਸੰਸਥਾਵਾਂ ਅਤੇ ਲੋਕਾਂ ਦਾ ਕੀਤਾ ਜਾਵੇਗਾ ਸਮਮਾਨ**

**ਫਿਰੋਜਪੁਰ, 2 ਜੂਨ 2020-**

**ਡਿਪਟੀ ਕਮਿਸ਼ਨਰ ਫਿਰੋਜਪੁਰ ਸ. ਕੁਲਵੰਤ ਸਿੰਘ ਅੱਜ ਮਿਸ਼ਨ ਫਤਿਹ ਦੇ ਤਹਿਤ ਕੋਰੋਨਾ ਵਾਇਸ ਦੇ ਖਿਲਾਫ ਲੜਾਈ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੀ ਸੰਸਥਾ ਰਾਧਾ ਸੁਆਮੀ ਸਤਿਸੰਗ ਬਿਆਸ ਨੂੰ ਕੋਰੋਨਾ ਯੋਧਾ ਵਜੋਂ ਸ਼ਲਾਘਾ ਪੱਤਰ ਦੇ ਕੇ ਸਮਮਾਨਿਤ ਕੀਤਾ।**

**ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁਖਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵਲੋਂ ਕੋਰੋਨਾ ਵਾਇਸ ਦੇ ਖਿਲਾਫ ਚਲ ਰਹੀ ਜੰਗ ਨੂੰ ਇਕ ਲੋਕ ਲਹਿਰ ਬਨਾਉਣ ਲਈ ਮਿਸ਼ਨ ਫਤਿਹ ਲਾਂਚ ਕੀਤਾ ਗਿਆ ਹੈ। ਉਨਾਂ ਕਿਹਾ ਕਿ ਇਸ ਮਿਸ਼ਨ ਤਹਿਤ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਉਹ ਸਰਕਾਰ ਵਲੋਂ ਜਾਰੀ ਹਿਦਾਇਤਾਂ ਜਿਵੇਂ ਕਿ ਸੋਸ਼ਲ ਡਿਸਟੈਂਸਿੰਗ ਦੀ ਪਾਲਣਾ ਕਰਨਾ, ਮਾਸਕ ਪਾਉਨਾ ਅਤੇ ਹੱਥ ਧੋਣ ਦੀ ਆਦਤ ਨੂੰ ਅਪਨਾਉਣ ਤਾਂ ਜੋ ਇਸ ਵਾਇਰਸ ਦੇ ਫੈਲਾਵ ਤੇ ਠੱਲ ਪਾ ਕੇ ਰਖੀ ਜਾ ਸਕੇ। ਇਸ ਦੇ ਨਾਲ ਹੀ ਕੋਰੋਨਾ ਵਾਇਸ ਦੇ ਖਿਲਾਫ ਲੜਾਈ ਵਿੱਚ ਆਪਣਾ ਵੱਡਮੁਲਾ ਯੋਗਦਾਨ ਪਾਉਣ ਵਾਲੇ ਲੋਕਾਂ, ਸੰਸਥਾਵਾਂ ਅਤੇ ਠੀਕ ਹੋਕੇ ਘਰ ਪਰਤਨ ਵਾਲੇ ਕੋਰੋਨਾ ਯੋਧਾਵਾਂ ਨੂੰ ਵੀ ਸਮਮਾਨਿਤ ਕੀਤਾ ਜਾਵੇਗਾ।**

**ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਿਸ਼ਨ ਫਤਿਹ ਦੇ ਤਹਿਤ ਮੰਗਲਵਾਰ ਨੂੰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਨੁਮਾਇੰਦਿਆਂ ਨੂੰ ਸਮਮਾਨਿਤ ਕੀਤਾ ਗਿਆ, ਜਿਨਾਂ ਨੇ ਪਿਛਲੇ ਦੋ ਮਹੀਨੇ ਵਿਚ ਇਸ ਲੜਾਈ ਵਿਚ ਦਿਨ-ਰਾਤ ਕੰਮ ਕਰਕੇ ਆਪਣਾ ਵਡਮੁਲਾ ਸਹਿਯੋਗ ਦਿੱਤਾ ਹੈ। ਹੁਣ ਤੱਕ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਸੰਸਥਾ ਰਾਧਾ ਸੁਆਮੀ ਸਤਿਸੰਗ ਬਿਆਸ ਵੱਲੋਂ** 10 **ਲੱਖ ਬੰਦਿਆਂ ਨੂੰ** 2 **ਮਹੀਨੇ ਵਿੱਚ ਲੰਗਰ ਵਰਤਾਇਆ ਗਿਆ ਹੈ। ਲੰਗਰ ਦੀ ਸੇਵਾ ਰੋਜ਼ਾਨਾ** 5 **ਸਤਿਸੰਗ ਘਰਾਂ ਵਿੱਚ ਕੀਤੀ ਜਾਂਦੀ ਸੀ ਅਤੇ ਰੋਜ਼ਾਨਾ ਲਗਭਗ** 500 **ਸੇਵਕਾਂ ਵੱਲੋਂ ਇਹ ਸੇਵਾ ਨਿਭਾਈ ਜਾ ਰਹੀ ਸੀ। ਸਿਰਫ ਸ਼ਹਿਰ ਵਿੱਚ ਹੀ 4 ਲੱਖ ਲੋਕਾਂ ਨੂੰ ਲੰਗਰ ਇਸ ਸੰਸਧਾ ਵਲੋਂ ਪਹੁੰਚਾਇਆ ਗਿਆ।**

**ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਰਾਧਾ ਸੁਆਮੀ ਬਿਆਸ ਵੱਲੋਂ ਸਥਾਪਿਤ** 4 **ਸੈਂਟਰਾਂ ਜਿਵੇਂ ਕਿ ਬੇਟੂ ਕਦੀਮ, ਫ਼ਿਰੋਜ਼ਪੁਰ-ਜ਼ੀਰਾ ਰੋਡ, ਲਖਮੀਰਪੁਰਾ, ਤਲਵੰਡੀ ਭਾਈ ਆਦਿ ਵਿੱਚ ਨਾਂਦੇੜ ਸਾਹਿਬ ਤੋਂ ਜਾਂ ਹੋਰ ਸੂਬਿਆਂ ਤੋਂ ਆਏ ਪ੍ਰਵਾਸੀ ਮਜ਼ਦੂਰਾਂ ਨੂੰ ਠਹਿਰਾਇਆ ਗਿਆ ਸੀ ਜਿੱਥੇ ਇਨ੍ਹਾਂ ਨੂੰ ਪੇਸਟ, ਸਾਬਣ, ਬਰੱਸ਼, ਤੇਲ, ਤੋਲੀਆਂ ਆਦਿ ਜ਼ਰੂਰਤ ਦੀਆਂ ਸਾਰੀਆਂ ਚੀਜ਼ਾਂ ਲੋੜ ਅਨੁਸਾਰ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਨੇ ਨਾ ਸਿਰਫ਼ ਫ਼ਿਰੋਜ਼ਪੁਰ ਸ਼ਹਿਰ ਸਗੋਂ ਸਮੂਹ ਜ਼ਿਲ੍ਹੇ ਦੇ ਵੱਖ-ਵੱਖ ਸਤਿਸੰਗ ਘਰਾਂ ਜਿਵੇਂ ਕਿ ਜ਼ੀਰਾ, ਮਖੂ, ਗੁਰੂਹਰਸਹਾਏ, ਤਲਵੰਡੀ ਭਾਈ, ਮੱਲਾਂਵਾਲਾ, ਲਖਮੀਰਪੁਰਾ ਅਤੇ ਬੇਟੂ ਕਦੀਮ ਵੱਲੋਂ ਲੰਗਰ ਦੀ ਜੋ ਨਿਰੰਤਰ ਸੇਵਾ ਕੀਤੀ ਗਈ ਹੈ, ਉਸ ਨਾਲ ਜਿੱਥੇ ਪ੍ਰਸ਼ਾਸਨ ਨੂੰ ਸਹਿਯੋਗ ਮਿਲਿਆ ਹੈ, ਉੱਥੇ ਜ਼ਰੂਰਤਮੰਦ ਲੋਕਾਂ ਨੂੰ ਸਾਫ਼-ਸੁਥਰਾ ਅਤੇ ਪੇਟ ਭਰ ਲੰਗਰ ਮਿਲਦਾ ਰਿਹਾ ਹੈ।**

**ਉਨ੍ਹਾਂ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਦੀ ਸਾਂਭ-ਸੰਭਾਲ ਸਤਿਸੰਗ ਘਰਾਂ ਵਿੱਚ ਬਹੁਤ ਹੀ ਬਿਹਤਰ ਤਰੀਕੇ ਨਾਲ ਕੀਤੀ ਗਈ ਜੋ ਕਿ ਕਾਫ਼ੀ ਸਲਾਹੁਣਯੋਗ ਹੈ। ਇਸ ਤੋਂ ਇਲਾਵਾ ਜਿਹੜੇ ਪ੍ਰਵਾਸੀ ਮਜ਼ਦੂਰਾਂ ਨੂੰ ਵੱਖ-ਵੱਖ ਟਰੇਨਾਂ ਰਾਹੀਂ ਆਪਣੇ ਘਰਾਂ ਵਿੱਚ ਰਵਾਨਾ ਕੀਤਾ ਗਿਆ ਹੈ, ਉਨ੍ਹਾਂ ਨੂੰ ਪ੍ਰਸ਼ਾਸਨ ਦੀ ਬੇਨਤੀ ਤੇ ਜੋ ਲੰਗਰ ਦੇ ਪੈਕੇਟ ਦਿੱਤੇ ਜਾ ਰਹੇ ਸਨ, ਉਹ ਵੀ ਕਾਫ਼ੀ ਸਾਫ-ਸੁੱਥਰੇ ਪੌਸ਼ਟਿਕ ਅਤੇ ਗੁਣਵੱਤਾ ਭਰਪੂਰ ਸਨ। ਇਸ ਮੌਕੇ ਦੇ ਫਿਰੋਜਪੁਰ ਰੈਡਕਰਾਸ ਸੋਸਾਇਟੀ ਦੇ ਸੈਕਰੇਟਰੀ ਸ੍ਰੀ ਅਸ਼ੋਕ ਬਹਿਲ ਸਮੇਤ ਹੋਰ ਵੀ ਅਫਸਰ ਮੌਜੂਦ ਸਨ।**